ਭੈਰਉ ਮਹਲਾ ੧ ॥ ਜਗਨ ਹੋਮ ਪੁੰਨ ਤਪ ਪੂਜਾ ਦੇਹ ਦੁਖੀ ਨਿਤ ਦੂਖ ਸਹੈ ॥ ਰਾਮ ਨਾਮ ਬਿਨੁ ਮੁਕਤਿ ਨ ਪਾਵਸਿ ਮੁਕਤਿ ਨਾਮਿ ਗੁਰਮੁਖਿਲਹੈ ॥੧॥ ਰਾਮ ਨਾਮ ਬਿਨੁ ਬਿਰਥੇ ਜਗਿ ਜਨਮਾ ॥ ਬਿਖੁ ਖਾਵੈ ਬਿਖੁ ਬੋਲੀ ਬੋਲੈ ਬਿਨੁ ਨਾਵੈ ਨਿਹਫਲੁ ਮਰਿ ਭ੍ਰਮਨਾ ॥੧॥ ਰਹਾਉ ॥ ਪੁਸਤਕ ਪਾਠ ਬਿਆਕਰਣ ਵਖਾਣੈ ਸੰਧਿਆ ਕਰਮ ਤਿਕਾਲ ਕਰੈ ॥ ਬਿਨੁ ਗੁਰ ਸਬਦ ਮੁਕਤਿ ਕਹਾ ਪ੍ਰਾਣੀ ਰਾਮ ਨਾਮ ਬਿਨੁ ਉਰਝਿ ਮਰੈ ॥੨॥ ਡੰਡ ਕਮੰਡਲ ਸਿਖਾ ਸੂਤੁ ਧੋਤੀ ਤੀਰਥਿ ਗਵਨੁ ਅਤਿ ਭ੍ਰਮਨੁ ਕਰੈ ॥ ਰਾਮ ਨਾਮ ਬਿਨੁ ਸਾਂਤਿ ਨ ਆਵੈ ਜਪਿ ਹਰਿ ਹਰਿ ਨਾਮੁ ਸੁ ਪਾਰਿ ਪਰੈ ॥੩॥ ਜਟਾ ਮੁਕਟੁ ਤਨਿ ਭਸਮ ਲਗਾਈ ਬਸਤ੍ਰ ਛੋਡਿ ਤਨਿ ਨਗਨੁ ਭਇਆ ॥ ਰਾਮ ਨਾਮ ਬਿਨੁ ਤ੍ਰਿਪਤਿ ਨ ਆਵੈ ਕਿਰਤ ਕੈ ਬਾਂਧੈ ਭੇਖੁ ਭਇਆ ॥੪॥ ਜੇਤੇ ਜੀਅ ਜੰਤ ਜਲਿ ਥਲਿ ਮਹੀਅਲਿ ਜਤ੍ਰ ਕਤ੍ਰ ਤੂ ਸਰਬ ਜੀਆ ॥ ਗੁਰ ਪਰਸਾਦਿ ਰਾਖਿ ਲੇ ਜਨ ਕਉ ਹਰਿ ਰਸੁ ਨਾਨਕ ਝੋਲਿਪੀਆ ॥੫॥੭॥੮॥ {ਪੰਨਾ 1127}

ਪਦਅਰਥ:- ਹੋਮ—ਹਵਨ। ਦੇਹੀ—ਸਰੀਰ। ਮੁਕਤਿ—(ਦੁੱਖਾਂ ਤੋਂ) ਖ਼ਲਾਸੀ। ਨਾਮਿ—ਨਾਮ ਵਿਚ (ਜੁੜ ਕੇ)। ਗੁਰਮੁਖਿ—ਗੁਰੂ ਦੇ ਦੱਸੇ ਰਸਤੇ ਤੁਰ ਕੇ।1।

ਬਿਰਥੇ—ਵਿਅਰਥ। ਜਗਿ—ਜਗਤ ਵਿਚ। ਬਿਖੁ—ਜ਼ਹਰ, ਵਿਕਾਰਾਂ ਦੀ ਜ਼ਹਰ। ਮਰਿ—ਮਰੈ, ਆਤਮਕ ਮੌਤ ਮਰਦਾ ਹੈ, ਉੱਚੇ ਆਤਮਕ ਗੁਣ ਗਵਾ ਲੈਂਦਾ ਹੈ। ਭ੍ਰਮਨਾ—ਭਟਕਣਾ।1। ਰਹਾਉ।

ਵਖਾਣੈ—(ਹੋਰਨਾਂ ਨੂੰ) ਸਮਝਾਂਦਾ ਹੈ। ਤਿਕਾਲ—ਤਿੰਨ ਵੇਲੇ (ਸਵੇਰੇ, ਦੁਪਹਿਰ ਤੇ ਸ਼ਾਮ)। ਕਹਾ—ਕਿੱਥੇ? ਪ੍ਰਾਣੀ—ਹੇ ਪ੍ਰਾਣੀ! ਉਰਝਿ—ਉਲਝ ਕੇ, (ਵਿਕਾਰਾਂ ਵਿਚ) ਫਸ ਕੇ।2।

ਡੰਡ—(ਜੋਗੀ ਵਾਲਾ) ਡੰਡਾ। ਕਮੰਡਲ—ਖੱਪਰ, ਚਿੱਪੀ। ਸਿਖਾ—ਬੋਦੀ, ਚੋਟੀ। ਸੂਤੁ—ਜਨੇਊ। ਤੀਰਥਿ ਗਵਨੁ—ਤੀਰਥ ਉਤੇ ਜਾਣਾ, ਤੀਰਥ-ਜਾਤ੍ਰਾ। ਭ੍ਰਮਨੁ—(ਧਰਤੀ ਉਤੇ) ਭੌਣਾ।3।

ਜਟਾ ਮੁਕਟੁ—ਜਟਾਂ ਦਾ ਜੂੜਾ। ਤਨਿ—ਸਰੀਰ ਉਤੇ। ਭਸਮ—ਸੁਆਹ। ਛੋਡਿ—ਛੱਡ ਕੇ। ਨਗਨੁ—ਨੰਗਾ। ਬਾਂਧੈ—ਬੱਧੇ ਹੋਏ (ਮਨੁੱਖ) ਨੂੰ। ਕਿਰਤ—ਕੀਤੇ ਹੋਏ ਕਰਮਾਂ ਦੇ ਸੰਸਕਾਰ। ਕਿਰਤ ਕੈ ਬਾਂਧੈ—ਕੀਤੇ ਕਰਮਾਂ ਦੇ ਸੰਸਕਾਰਾਂ ਦੇ ਬੱਧੇ ਮਨੁੱਖ ਨੂੰ। ਭੇਖੁ—ਧਾਰਮਿਕ ਲਿਬਾਸ।4।

ਜੇਤੇ ਜੀਅ—ਜਿਤਨੇ ਭੀ ਜੀਵ ਹਨ। ਜਲਿ—ਜਲ ਵਿਚ। ਥਲਿ—ਧਰਤੀ ਵਿਚ। ਮਹੀਅਲਿ—ਮਹੀ ਤਲਿ, ਧਰਤੀ ਦੇ ਤਲ ਉਪਰ, ਧਰਤੀ ਦੇ ਉਪਰਲੇ ਪੁਲਾੜ ਵਿਚ, ਆਕਾਸ਼ ਵਿਚ। ਜਤ੍ਰ ਕਤ੍ਰ—ਜਿਥੇ ਕਿਥੇ, ਹਰ ਥਾਂ। ਜਨ ਕਉ—(ਆਪਣੇ) ਦਾਸ ਨੂੰ। ਰਾਖਿ ਲੇ—ਰੱਖ ਲੈਂਦਾ ਹੈ। ਝੋਲਿ—ਹਿਲਾ ਕੇ, ਸੁਆਦ ਨਾਲ।5।

ਅਰਥ:- ਪਰਮਾਤਮਾ ਦਾ ਨਾਮ ਜਪਣ ਤੋਂ ਵਾਂਜੇ ਰਹਿ ਕੇ ਮਨੁੱਖ ਦਾ ਜਗਤ ਵਿਚ ਜਨਮ (ਲੈਣਾ) ਵਿਅਰਥ ਹੋ ਜਾਂਦਾ ਹੈ। ਜੇਹੜਾ ਮਨੁੱਖ ਵਿਸ਼ਿਆਂ ਦੀ ਜ਼ਹਰ ਖਾਂਦਾ ਰਹਿੰਦਾ ਹੈ, ਵਿਸ਼ਿਆਂ ਦੀਆਂ ਹੀ ਨਿੱਤ ਗੱਲਾਂ ਕਰਦਾ ਰਹਿੰਦਾ ਹੈ ਤੇ ਪ੍ਰਭੂ-ਸਿਮਰਨ ਤੋਂ ਖ਼ਾਲੀ ਰਹਿੰਦਾ ਹੈ, ਉਸ ਦੀ ਜ਼ਿੰਦਗੀ ਵਿਅਰਥ ਰਹਿੰਦੀ ਹੈ ਉਹ ਆਤਮਕ ਮੌਤੇ ਮਰ ਜਾਂਦਾ ਹੈ ਅਤੇ ਸਦਾ ਭਟਕਦਾ ਰਹਿੰਦਾ ਹੈ।1। ਰਹਾਉ।

(ਵਿਕਾਰਾਂ ਤੋਂ ਅਤੇ ਵਿਕਾਰਾਂ ਤੋਂ ਪੈਦਾ ਹੋਏ ਦੁੱਖਾਂ ਤੋਂ) ਖ਼ਲਾਸੀ ਕੋਈ ਮਨੁੱਖ ਪਰਮਾਤਮਾ ਦੇ ਨਾਮ ਦਾ ਸਿਮਰਨ ਕਰਨ ਤੋਂ ਬਿਨਾ ਨਹੀਂ ਪ੍ਰਾਪਤ ਕਰ ਸਕਦਾ, ਇਹ ਖ਼ਲਾਸੀ ਗੁਰੂ ਦੀ ਸਰਨ ਪੈ ਕੇ ਪ੍ਰਭੂ-ਨਾਮ ਵਿਚ ਜੁੜਿਆਂ ਹੀ ਮਿਲਦੀ ਹੈ। (ਜੇ ਮਨੁੱਖ ਪ੍ਰਭੂ ਦਾ ਸਿਮਰਨ ਨਹੀਂ ਕਰਦਾ ਤਾਂ) ਜੱਗ ਹਵਨ ਪੁੰਨ-ਦਾਨ, ਤਪ ਪੂਜਾ ਆਦਿਕ ਕਰਮ ਕੀਤਿਆਂ ਸਰੀਰ (ਫਿਰ ਭੀ) ਦੁਖੀ ਹੀ ਰਹਿੰਦਾ ਹੈ ਦੁੱਖ ਹੀ ਸਹਾਰਦਾ ਹੈ।1।

(ਪੰਡਿਤ ਸੰਸਕ੍ਰਿਤ) ਪੁਸਤਕਾਂ ਦੇ ਪਾਠ ਤੇ ਵਿਆਕਰਣ ਆਦਿਕ (ਆਪਣੇ ਵਿਦਿਆਰਥੀਆਂ ਆਦਿਕਾਂ ਨੂੰ)

ਸਮਝਾਂਦਾ ਹੈ, ਤਿੰਨ ਵੇਲੇ (ਹਰ ਰੋਜ਼) ਸੰਧਿਆ-ਕਰਮ ਭੀ ਕਰਦਾ ਹੈ, ਪਰ, ਹੇ ਪ੍ਰਾਣੀ! ਗੁਰੂ ਦੇ ਸ਼ਬਦ ਤੋਂ ਬਿਨਾ ਉਸ ਨੂੰ (ਵਿਸ਼ਿਆਂ ਦੇ ਜ਼ਹਰ ਤੋਂ) ਖ਼ਲਾਸੀ ਬਿਲਕੁਲ ਨਹੀਂ ਮਿਲ ਸਕਦੀ। ਪਰਮਾਤਮਾ ਦੇ ਨਾਮ ਤੋਂ ਵਾਂਜਿਆ ਉਹ ਵਿਕਾਰਾਂ ਵਿਚ ਫਸਿਆ ਰਹਿ ਕੇ ਆਤਮਕ ਮੌਤ ਸਹੇੜ ਲੈਂਦਾ ਹੈ।2।

(ਜੋਗੀ ਹੱਥ ਵਿਚ) ਡੰਡਾ ਤੇ ਖੱਪਰ ਫੜ ਲੈਂਦਾ ਹੈ, ਬ੍ਰਾਹਮਣ ਬੋਦੀ ਰੱਖਦਾ ਹੈ, ਜਨੇਊ ਤੇ ਧੋਤੀ ਪਹਿਨਦਾ ਹੈ, (ਜੋਗੀ) ਤੀਰਥ-ਜਾਤ੍ਰਾ ਤੇ ਧਰਤੀ-ਭ੍ਰਮਨ ਕਰਦਾ ਹੈ।

(ਪਰ ਇਹਨੀਂ ਕੰਮੀਂ) ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ (ਮਨ ਨੂੰ) ਸ਼ਾਂਤੀ ਨਹੀਂ ਆ ਸਕਦੀ। ਜੋ ਮਨੁੱਖ ਹਰੀ ਦਾ ਨਾਮ ਸਦਾ ਸਿਮਰਦਾ ਹੈ, ਉਹ (ਵਿਸ਼ੇ ਵਿਕਾਰਾਂ ਦੇ ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ।3।

ਜਟਾਂ ਦਾ ਜੂੜਾ ਕਰ ਲਿਆ, ਪਿੰਡੇ ਤੇ ਸੁਆਹ ਮਲ ਲਈ, ਸਰੀਰ ਉਤੋਂ ਕੱਪੜੇ ਉਤਾਰ ਕੇ ਨੰਗਾ ਰਹਿਣ ਲੱਗ ਪਿਆ, ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਦੇ ਬੱਝੇ ਹੋਏ ਲਈ (ਇਹ ਸਾਰਾ ਅਡੰਬਰ) ਨਿਰਾ ਬਾਹਰਲਾ ਧਾਰਮਿਕ ਲਿਬਾਸ ਹੀ ਹੈ। ਪ੍ਰਭੂ ਦਾ ਨਾਮ ਜਪਣ ਤੋਂ ਬਿਨਾ ਮਾਇਆ ਦੀ ਤ੍ਰਿਸ਼ਨਾ ਵਲੋਂ ਮਨ ਰੱਜਦਾ ਨਹੀਂ।4।

(ਪਰ ਹੇ ਪ੍ਰਭੂ! ਜੀਵਾਂ ਦੇ ਕੁਝ ਵੱਸ ਨਹੀਂ ਹੈ) ਪਾਣੀ ਵਿਚ ਧਰਤੀ ਵਿਚ ਆਕਾਸ਼ ਵਿਚ ਜਿਤਨੇ ਭੀ ਜੀਵ ਵੱਸਦੇ ਹਨ ਸਭਨਾਂ ਵਿਚ ਤੂੰ ਆਪ ਹੀ ਹਰ ਥਾਂ ਮੌਜੂਦ ਹੈਂ।

ਹੇ ਨਾਨਕ! ਜਿਸ ਜੀਵ ਨੂੰ ਪ੍ਰਭੂ ਗੁਰੂ ਦੀ ਕਿਰਪਾ ਦੀ ਰਾਹੀਂ (ਵਿਸ਼ੇ ਵਿਕਾਰਾਂ ਤੋਂ) ਬਚਾਂਦਾ ਹੈ ਉਹ ਪਰਮਾਤਮਾ ਦੇ ਨਾਮ ਦਾ ਰਸ ਬੜੇ ਸੁਆਦ ਨਾਲ ਪੀਂਦਾ ਹੈ।5।7।8।